5718
13/7/21

**ਪੰਜਾਬ ਸਰਕਾਰ**
**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

ਸਮੂਹ ਜਿਲ੍ਹਾ ਸਿਖਿਆ ਅਫਸਰ (ਸੈ.ਸਿ./ਐ.ਸਿ.)
ਸਮੂਹ ਸਰਕਾਰੀ ਸਕੂਲਾਂ ਦੇ ਮੁਖੀ
ਪੰਜਾਬ ਰਾਜ।

ਮੀਮੋ ਨੰ. 2021234758/Spl
ਮਿਤੀ: 9-7-2021

**ਵਿਸ਼ਾ:-** **ਅਧਿਆਪਕਾਂ ਦੀਆਂ ਬਦਲੀਆਂ ਹੋਣ ਉਪਰੰਤ ਆਪਣੇ ਪੁਰਾਣੇ ਵਿਦਿਆਰਥੀਆਂ ਦੀਆਂ Zoom Meeting ਰਾਹੀਂ ਕਲਾਸਾਂ ਲਗਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਇਹ ਧਿਆਨ ਵਿੱਚ ਆਇਆ ਹੈ ਕਿ ਕੋਵਿਡ-19 ਕਾਰਨ ਲੱਗੇ ਲਾਕਡਾਊਨ ਕਰਕੇ ਪਿਛਲੇ ਕੁਝ ਦਿਨਾਂ ਤੋਂ ਵੱਖ-ਵੱਖ ਵਿਸ਼ਾ ਅਧਿਆਪਕਾਂ ਦੀਆਂ ਇੱਕ ਸਕੂਲ ਤੋਂ ਦੂਜੇ ਸਕੂਲ ਵਿੱਚ ਬਦਲੀਆਂ ਹੋਣ ਉਪਰੰਤ ਕੁਝ ਥਾਵਾਂ ਤੇ ਉਨ੍ਹਾਂ ਦੁਆਰਾ ਆਪਣੇ ਪੁਰਾਣੇ ਵਿਦਿਆਰਥੀਆਂ ਨਾਲ ਤੁਰੰਤ ਰਾਬਤਾ ਤੋੜ ਦਿੱਤਾ ਜਾਂਦਾ ਹੈ ਅਤੇ Zoom Class ਲਗਾਉਣੀ ਬੰਦ ਕਰ ਦਿੱਤੀ ਜਾਂਦੀ ਹੈ। ਇਸ ਨਾਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਤੇ ਨਾਕਾਰਤਮਕ ਪ੍ਰਭਾਵ ਪੈਂਦਾ ਹੈ ਅਤੇ ਵਿਦਿਆਰਥੀਆਂ ਦੀ ਸਬੰਧਤ ਵਿਸ਼ੇ ਨਾਲ ਲਗਾਤਾਰਤਾ ਟੁੱਟਣ ਕਾਰਨ ਉਨ੍ਹਾਂ ਦੀ ਪੜ੍ਹਾਈ ਦਾ ਨੁਕਸਾਨ ਹੁੰਦਾ ਹੈ।

3.0 ਉਪਰੋਕਤ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਕਿਉਂਜੋ ਅਜੇ ਪੜ੍ਹਾਈ ਆਨਲਾਈਨ ਵਿਧੀ ਰਾਹੀਂ ਹੀ ਚੱਲ ਰਹੀ ਹੈ, ਅਤੇ ਅਧਿਆਪਕਾਂ ਦੁਆਰਾ ਆਪਣੇ ਪੁਰਾਣੇ ਤੇ ਨਵੇਂ ਵਿਦਿਆਰਥੀਆਂ ਦੀ ਕਲਾਸ ਇਕੱਠੇ ਲਗਾਉਣਾ ਕੋਈ ਮੁਸ਼ਕਿਲ ਕੰਮ ਨਹੀਂ ਹੈ। ਇਸ ਲਈ ਜਿਨ੍ਹਾਂ ਅਧਿਆਪਕਾਂ ਦੀਆਂ ਬਦਲੀਆਂ ਹੋ ਗਈਆਂ ਹਨ ਜਾਂ ਹੋ ਰਹੀਆਂ ਹਨ, ਉਨ੍ਹਾਂ ਨੂੰ ਆਪਣੇ ਪੁਰਾਣੇ ਵਿਦਿਆਰਥੀਆਂ ਨਾਲ ਰਾਬਤਾ ਕਾਇਮ ਰੱਖਣ/Zoom Class ਰਾਹੀਂ ਪੜ੍ਹਾਉਣ ਲਈ ਉਸ ਸਮੇਂ ਤੱਕ ਪਾਬੰਦ ਕੀਤਾ ਜਾਵੇ, ਜਦੋਂ ਤੱਕ ਉਨ੍ਹਾਂ ਦੇ ਪਿਛਲੇ ਸਕੂਲ ਵਿੱਚ ਅਸਾਮੀ ਖਾਲੀ ਰਹਿੰਦੀ ਹੈ।

4.0 ਉਪਰੋਕਤ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਸਕੱਤਰ ਸਕੂਲ ਸਿੱਖਿਆ**

Scanned with CamScanner

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ/ਸਿ) ਬਠਿੰ,

ਪੱਤਰ ਨੰ ਈ-1/1 ( ) 2021/ ਮਿਤੀ 13/7/21

ਉਪਰੋਕਤ ਪੱਤਰ ਦਾ ਉਤਾਰਾ ਜ਼ਿਲ੍ਹੇ ਦੇ ਸਮੂਹ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਸ ਪੱਤਰ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

(signature)

ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ/ਸਿ)
ਬਠਿੰਡਾ ਮਿ 13/7/21